ਗੂਜਰੀ ਮਹਲਾ ੫ ॥ ਤੂੰ ਸਮਰਥੁ ਸਰਨਿ ਕੋ ਦਾਤਾ ਦੁਖ ਭੰਜਨੁ ਸੁਖ ਰਾਇ ॥ ਜਾਹਿ ਕਲੇਸ ਮਿਟੇ ਭੈ ਭਰਮਾ ਨਿਰਮਲ ਗੁਣ ਪ੍ਰਭ ਗਾਇ ॥ ੧॥ ਗੋਵਿੰਦ ਤੁਝ ਬਿਨੁ ਅਵਰੁ ਨ ਠਾਉ ॥ ਕਰਿ ਕਿਰਪਾ ਪਾਰਬ੍ਰਹਮ ਸੁਆਮੀ ਜਪੀ ਤੁਮਾਰਾ ਨਾਉ ॥ ਰਹਾਉ ॥ ਸਤਿਗੁਰ ਸੇਵਿ ਲਗੇ ਹਰਿ ਚਰਨੀ ਵਡੈ ਭਾਗਿ ਲਿਵ ਲਾਗੀ ॥ ਕਵਲ ਪ੍ਰਗਾਸ ਭਏ ਸਾਧਸੰਗੇ ਦੁਰਮਤਿ ਬੁਧਿ ਤਿਆਗੀ ॥੨॥ ਆਠ ਪਹਰ ਹਰਿ ਕੇ ਗੁਣ ਗਾਵੈ ਸਿਮਰੈ ਦੀਨ ਦੈਆਲਾ ॥ ਆਪਿ ਤਰੈ ਸੰਗਤਿ ਸਭ ਉਧਰੈ ਬਿਨਸੇ ਸਗਲ ਜੰਜਾਲਾ ॥ ੩॥ ਚਰਣ ਅਧਾਰੁ ਤੇਰਾ ਪ੍ਰਭ ਸੁਆਮੀ ਓਤਿ ਪੋਤਿ ਪ੍ਰਭੁ ਸਾਥਿ ॥ ਸਰਨਿ ਪਰਿਓ ਨਾਨਕ ਪ੍ਰਭ ਤੁਮਰੀ ਦੇ ਰਾਖਿਓ ਹਰਿ ਹਾਥ ॥੪॥੨॥੩੨॥ {ਪੰਨਾ 502-503}

ਪਦਅਰਥ:- ਕੋ—ਦਾ। ਸਰਨਿ ਕੋ ਦਾਤਾ—ਆਸਰਾ ਦੇਣ ਵਾਲਾ। ਸੁਖਰਾਇ—ਸੁਖਾਂ ਦਾ ਰਾਜਾ, ਸੁਖ ਦੇਣ ਵਾਲਾ। ਜਾਹਿ—ਦੂਰ ਹੋ ਜਾਂਦੇ ਹਨ। ਭੈ—(ਲਫ਼ਜ਼ 'ਭਉ' ਤੋਂ ਬਹੁ-ਵਚਨ}। ਪ੍ਰਭ—ਹੇ ਪ੍ਰਭੂ! ਗਾਇ—ਗਾ ਕੇ।1।

ਗੋਵਿੰਦ—ਹੇ ਗੋਵਿੰਦ! ਠਾਉ—ਥਾਂ, ਆਸਰਾ। ਪਾਰਬ੍ਰਹਮ—ਹੇ ਪਾਰਬ੍ਰਹਮ! ਜਪੀ—ਜਪੀਂ, ਮੈਂ ਜਪਾਂ।1। ਰਹਾਉ।

ਸੇਵਿ—ਸੇਵਾ ਕਰ ਕੇ, ਸਰਨ ਪੈ ਕੇ। ਭਾਗਿ—ਕਿਸਮਤ ਨਾਲ। ਲਿਵ—ਲਗਨ। ਕਵਲ—ਹਿਰਦਾ-ਕੌਲ। ਸੰਗੇ—ਸੰਗਤਿ ਵਿਚ। ਦੁਰਮਤਿ—ਖੋਟੀ ਮਤਿ ਵਾਲੀ।2।

ਗਾਵੈ—ਗਾਂਦਾ ਹੈ। ਦੈਆਲਾ—ਦਇਆ ਦਾ ਘਰ। ਉਧਰੈ—(ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੀ ਹੈ। ਜੰਜਾਲਾ—ਬੰਧਨ।3।

ਅਧਾਰੁ—ਆਸਰਾ। ਓਤਿ—ਉਣੇ ਹੋਏ ਵਿਚ। ਪੋਤਿ—ਪ੍ਰੋਤੇ ਹੋਏ ਵਿਚ। ਓਤਿ ਪੋਤਿ—ਜਿਵੇਂ ਤਾਣੇ ਪੇਟੇ ਦੇ ਧਾਗੇ ਆਪੋ ਵਿਚ ਮਿਲੇ ਹੁੰਦੇ ਹਨ। ਪ੍ਰਭੁ—ਮਾਲਕ। ਦੇ—ਦੇ ਕੇ। ਹਰਿ—ਹੇ ਹਰੀ!।4।

ਅਰਥ:- ਹੇ ਮੇਰੇ ਗੋਵਿੰਦ! ਤੈਥੋਂ ਬਿਨਾ ਮੇਰਾ ਹੋਰ ਕੋਈ ਆਸਰਾ ਨਹੀਂ। ਹੇ ਪਾਰਬ੍ਰਹਮ! ਹੇ ਸੁਆਮੀ! (ਮੇਰੇ ਉਤੇ) ਮੇਹਰ ਕਰ, ਮੈਂ (ਸਦਾ) ਤੇਰਾ ਨਾਮ ਜਪਦਾ ਰਹਾਂ।1। ਰਹਾਉ।

ਹੇ ਪ੍ਰਭੂ! ਤੂੰ ਸਾਰੀਆਂ ਤਾਕਤਾਂ ਦਾ ਮਾਲਕ ਹੈਂ, ਤੂੰ ਸਰਨ ਆਏ ਨੂੰ ਸਹਾਰਾ ਦੇਣ ਵਾਲਾ ਹੈਂ, ਤੂੰ (ਜੀਵਾਂ ਦੇ) ਦੁੱਖ ਦੂਰ ਕਰਨ ਵਾਲਾ ਹੈਂ, ਤੇ ਸੁਖ ਦੇਣ ਵਾਲਾ ਹੈਂ। ਤੇਰੇ ਪਵਿਤ੍ਰ ਗੁਣ ਗਾ ਗਾ ਕੇ ਜੀਵਾਂ ਦੇ ਦੁੱਖ ਦੂਰ ਹੋ ਜਾਂਦੇ ਹਨ, ਸਾਰੇ ਡਰ ਭਰਮ ਮਿਟ ਜਾਂਦੇ ਹਨ।1।

ਹੇ ਭਾਈ! ਜੇਹੜੇ ਮਨੁੱਖ ਵੱਡੀ ਕਿਸਮਤਿ ਨਾਲ ਗੁਰੂ ਦੀ ਸਰਨ ਪੈ ਕੇ ਪ੍ਰਭੂ-ਚਰਨਾਂ ਵਿਚ ਜੁੜਦੇ ਹਨ, ਉਹਨਾਂ ਦੀ ਲਗਨ (ਪਰਮਾਤਮਾ ਨਾਲ) ਲੱਗ ਜਾਂਦੀ ਹੈ, ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹਨਾਂ ਦੇ ਹਿਰਦੇ-ਕੌਲ ਖਿੜ ਜਾਂਦੇ ਹਨ, ਉਹ ਖੋਟੀ ਮਤਿ ਵਾਲੀ ਬੁੱਧੀ ਤਿਆਗ ਦੇਂਦੇ ਹਨ।2।

ਹੇ ਭਾਈ! ਜੇਹੜਾ ਮਨੁੱਖ ਅੱਠੇ ਪਹਰ ਪਰਮਾਤਮਾ ਦੇ ਗੁਣ ਗਾਂਦਾ ਹੈ, ਦੀਨਾਂ ਉਤੇ ਦਇਆ ਕਰਨ ਵਾਲੇ ਦਾ ਨਾਮ ਸਿਮਰਦਾ ਹੈ, ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ, ਉਸ ਦੇ ਨਾਲ ਮੇਲ ਰੱਖਣ ਵਾਲਾ ਸਾਥ ਭੀ ਪਾਰ ਲੰਘ ਜਾਂਦਾ ਹੈ, ਉਸ ਦੇ ਸਾਰੇ ਮਾਇਕ-ਬੰਧਨ ਨਾਸ ਹੋ ਜਾਂਦੇ ਹਨ।3।

ਹੇ ਪ੍ਰਭੂ! ਹੇ ਸੁਆਮੀ! ਜਿਸ ਮਨੁੱਖ ਨੇ ਤੇਰੇ ਚਰਨਾਂ ਨੂੰ ਆਪਣੀ ਜ਼ਿੰਦਗੀ ਦਾ ਸਹਾਰਾ ਬਣਾ ਲਿਆ, ਤੂੰ ਮਾਲਕ ਤਾਣੇ ਪੇਟੇ ਵਾਂਗ ਸਦਾ ਉਸ ਦੇ ਨਾਲ ਰਹਿੰਦਾ ਹੈਂ। ਹੇ ਨਾਨਕ! (ਆਖ—) ਹੇ ਪ੍ਰਭੂ! ਜੇਹੜਾ ਮਨੁੱਖ ਤੇਰੀ ਸਰਨ ਆ ਪਿਆ, ਹੇ ਹਰੀ! ਤੂੰ ਉਸ ਨੂੰ ਆਪਣੇ ਹੱਥ ਦੇ ਕੇ (ਸੰਸਾਰ-ਸਮੁੰਦਰ ਤੋਂ) ਬਚਾਂਦਾ ਹੈਂ।4। 32।